## ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।
## (ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)

### ਪਬਲਿਕ ਨੋਟਿਸ

ਨੰ: 831606/8 ਮਿਤੀ: 11-02-2026

1. ਸਿੱਖਿਆ ਵਿਭਾਗ ਵੱਲੋਂ ਪੰਜਾਬ ਰਾਜ ਦੇ ਬਾਰਡਰ ਏਰੀਏ ਦੇ ਪ੍ਰਾਇਮਰੀ ਸਕੂਲਾਂ ਵਿੱਚ ਈ ਟੀ ਟੀ ਕਾਡਰ ਦੀਆਂ 1664 ਅਸਾਮੀਆਂ ਭਰਨ ਲਈ ਮਿਤੀ 06-03-2020 ਨੂੰ ਵਿਗਿਆਪਨ ਪ੍ਰਕਾਸਿਤ ਕੀਤਾ ਗਿਆ ਸੀ। ਇਹਨਾਂ ਵਿਗਿਆਪਤ ਕੀਤੀਆ ਅਸਾਮੀਆਂ ਵਿੱਚ 700 ਅਸਾਮੀਆਂ ਦਾ ਹੋਰ ਵਾਧਾ ਕਰਦੇ ਹੋਏ (1664+700=2364) ਮਿਤੀ 23-06-2020 ਸੋਧ ਪੱਤਰ ਜਾਰੀ ਕੀਤਾ ਗਿਆ।

2. ਸਿੱਖਿਆ ਭਰਤੀ ਡਾਇਰੈਕਟੋਰੇਟ ਵੱਲੋਂ 2364 ਭਰਤੀ ਸਬੰਧੀ ਰੀ-ਕਾਸਟ ਪ੍ਰੋਵੀਜਨਲ ਸਿਲੈਕਸਨ ਸੂਚੀ ਮਿਤੀ 20-01-2025 ਨੂੰ ਵਿਭਾਗ ਦੀ ਵੈਬਸਾਈਟ ਤੇ ਅਪਲੋਡ ਕੀਤੀ ਗਈ ਸੀ। ਰੀ-ਕਾਸਟ ਪ੍ਰੋਵੀਜਨਲ ਸਿਲੈਕਸਨ ਸੂਚੀ ਵਿਚਲੇ ਵੱਖ-ਵੱਖ ਕੈਟਾਗਰੀਆਂ ਦੇ 2061 ਯੋਗ ਉਮੀਦਵਾਰਾਂ ਨੂੰ ਮਿਤੀ 19-03-2025 ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਗਏ ਸਨ। ਜਿਨ੍ਹਾਂ ਵਿੱਚੋਂ ਵੱਖ-ਵੱਖ ਕੈਟਾਗਰੀਆਂ ਦੇ 751 ਯੋਗ ਉਮੀਦਵਾਰਾ ਨੇ ਅਲਾਟ ਹੋਏ ਸਟੇਸ਼ਨਾਂ ਤੇ ਜੁਆਇੰਨ ਕੀਤਾ, ਇਨ੍ਹਾਂ ਨਾਟ ਜੁਆਇੰਨ ਉਮੀਦਵਾਰਾਂ ਦੀ ਥਾਂ ਤੇ ਸਿੱਖਿਆ ਭਰਤੀ ਡਾਇਰੈਕਟੋਰੇਟ ਵੱਲੋਂ ਹੁਣ ਵੱਖ-ਵੱਖ ਕੈਟਾਗਰੀਆਂ ਦੇ 849 (OPEN ਦੇ 525, EWS ਦੇ 52, BC ਦੇ 71 , SC(R&O) ਦੇ 186 ਅਤੇ PH Ortho ਦੇ 15) ਉਮੀਦਵਾਰਾਂ ਦੀ ਪ੍ਰੋਵੀਜਨਲ ਸਿਲੈਕਸ਼ਨ (ਵੇਟਿੰਗ) ਸੂਚੀ ਮਿਤੀ 20-01-2026 ਨੂੰ ਵੈਬਸਾਈਟ https://educationrecruitmentboard.com ਤੇ ਅਪਲੋਡ ਕੀਤੀ ਗਈ ਹੈ।

3. ਉਕਤ ਜਾਰੀ ਪ੍ਰੋਵੀਜਨਲ ਸਿਲੈਕਸ਼ਨ (ਵੇਟਿੰਗ) ਸੂਚੀ ਵਿਚਲੇ 832 ਯੋਗ ਉਮੀਦਵਾਰਾਂ ਨੂੰ ਸਟੇਸ਼ਨ ਅਲਾਟਮੈਂਟ ਦੇ ਮੰਤਵ ਲਈ ਆਨ ਲਾਈਨ ਪੋਰਟਲ ਰਾਹੀਂ ਸਟੇਸ਼ਨ ਚੋਣ ਕਰਵਾਈ ਜਾਣੀ ਹੈ, ਪੋਰਟਲ ਮਿਤੀ 11-02-2026 ਤੋਂ ਮਿਤੀ 13-02-2026 ਦੇ ਸ਼ਾਮ 5 ਵਜੇ ਤੱਕ ਖੁੱਲ੍ਹਾ ਰਹੇਗਾ। ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸਡਿਊਲ ਅਨੁਸਾਰ ਆਪਣੀ ਪਸੰਦ ਦੇ ਸਟੇਸ਼ਨ ਚੋਣ ਕਰਨੇ ਯਕੀਨੀ ਬਣਾਉਣ। ਹਰੇਕ ਉਮੀਦਵਾਰ ਆਪਣੀ ਆਈ.ਡੀ ਵਿੱਚ ਸੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਪਸੰਦ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸਨ ਆਪਣੀ ਆਈ.ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆਂ ਸਮੁੱਚੇ ਰੂਪ ਵਿੱਚ ਆਨਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀਂ ਕਰਨਗੇ, ਉਹਨਾਂ ਨੂੰ ਵੈਕੰਸੀ ਲਿਸਟ ਵਿੱਚ ਖਾਲੀ ਰਹਿੰਦੇ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕਿਰਿਆ ਤਹਿਤ ਐਮ.ਆਈ.ਐਸ ਸਾਖਾ ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸ ਨੂੰ ਮੁੜ ਬਦਲਿਆ ਨਹੀਂ ਜਾਵੇਗਾ।

4. ਇਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਜੋ ਉਮੀਦਵਾਰ 6635 ਭਰਤੀ ਅਧੀਨ ਪਹਿਲਾਂ ਹੀ ਬਾਰਡਰ ਏਰੀਆ ਦੇ 6 ਜਿਲਿਆਂ ਵਿੱਚ ਨਿਯੁਕਤ ਹਨ ਅਤੇ ਬਤੌਰ ਈ ਟੀ ਟੀ ਟੀਚਰ ਕੰਮ ਕਰ ਰਹੇ ਹਨ, ਉਹ ਉਮੀਦਵਾਰ ਇਸ ਭਰਤੀ ਵਿੱਚ ਨਿਯੁਕਤੀ ਪੱਤਰ ਲੈਣ ਦੇ ਹੱਕਦਾਰ ਹੋਣਗੇ, ਪ੍ਰੰਤੂ ਇਹ 2364 ਭਰਤੀ ਮੁਤਾਬਿਕ ਨਵੀਂ ਨਿਯੁਕਤੀ ਮੰਨੀ ਜਾਵੇਗੀ ਅਤੇ ਇਸਦੇ ਆਧਾਰ ਤੇ ਹੀ ਸੀਨੀਆਰਤਾ ਫਿਕਸ ਕੀਤੀ ਜਾਵੇਗੀ।

ਸਹਾਇਕ ਡਾਇਰੈਕਟਰ (ਅਮਲਾ-2)